# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 10-04-2025**

ਕੇਂਦਰ ਸਰਕਾਰ ਨੇ 2008 ਦੇ ਮੁੰਬਈ ਦਹਿਸ਼ਤਗਰਦ ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਮਾਮਲੇ ਵਿੱਚ ਵਕੀਲ ਨਰਿੰਦਰ ਮਾਨ ਨੂੰ ਵਿਸ਼ੇਸ਼ ਸਰਕਾਰੀ ਵਕੀਲ ਨਿਯੁਕਤ ਕੀਤਾ ਏ। ਕੇਂਦਰੀ ਗ੍ਰਹਿ ਮੰਤਰਾਲੇ ਨੇ ਕਿਹਾ ਕਿ ਨਰਿੰਦਰ ਮਾਨ ਨੂੰ ਰਾਸ਼ਟਰੀ ਜਾਂਚ ਏਜੰਸੀ ਵੱਲੋਂ ਤਿੰਨ ਸਾਲਾਂ ਲਈ ਮਾਮਲੇ  ਦੀ ਪੈਰਵੀ ਕਰਨ ਲਈ ਨਿਯੁਕਤ ਕੀਤਾ ਗਿਆ ਏ । ਇਹ ਫੈਸਲਾ ਤਹੱਵੁਰ ਰਾਣਾ ਦੇ ਅੱਜ ਭਾਰਤ ਆਉਣ ਦੀ ਸੰਭਾਵਨਾ ਦੇ ਵਿਚਕਾਰ ਲਿਆ ਗਿਆ ਏ। ਅਮਰੀਕਾ ਦੀ  ਸੁਪਰੀਮ ਕੋਰਟ ਵੱਲੋਂ ਰਾਣਾ ਦੀ ਹਵਾਲਗੀ ਦੀ ਅੰਤਿਮ ਅਰਜ਼ੀ ਰੱਦ ਕੀਤੇ ਜਾਣ ਤੋਂ ਬਾਅਦ ਉਸਨੂੰ ਭਾਰਤ ਲਿਆਂਦਾ ਜਾ ਰਿਹਾ ਏ । ਇਸੇ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ 26/ 11  ਦੇ ਮੁੰਬਈ ਦਹਿਸ਼ਤਗਰਦ ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਦੀ ਅਮਰੀਕਾ ਤੋਂ ਹਵਾਲਗੀ ਮੋਦੀ

ਸਰਕਾਰ ਦੀ ਕੂਟਨੀਤੀ ਦੀ ਇੱਕ ਵੱਡੀ ਸਫਲਤਾ ਏ। ਅਮਿਤ ਸ਼ਾਹ ਨੇ ਕਿਹਾ ਕਿ ਭਾਰਤ ਦੇ ਲੋਕਾਂ ਨਾਲ ਦੁਰਵਿਹਾਰ ਕਰਨ ਵਾਲਿਆਂ ਨੂੰ ਵਾਪਿਸ ਲਿਆਉਣਾ, ਸਰਕਾਰ ਦੀ ਜ਼ਿੰਮੇਵਾਰੀ ਏ। ਇੱਕ ਨਿੱਜੀ ਟੀਵੀ ਚੈਨਲ 'ਤੇ ਬੋਲਦਿਆਂ ਅਮਿਤ ਸ਼ਾਹ ਨੇ ਕਿਹਾ ਕਿ ਇਹ ਦੇਸ਼ ਲਈ ਇੱਕ ਵੱਡੀ ਪ੍ਰਾਪਤੀ ਏ ਕਿ ਤਹੱਵੁਰ ਰਾਣਾ ਨੂੰ ਭਾਰਤੀ ਅਦਾਲਤ ਵਿੱਚ ਮੁਕੱਦਮੇ ਦਾ ਸਾਹਮਣਾ ਕਰਨਾ ਪਵੇਗਾ।

---------------------------------------------------------

ਅੱਜ ਦੇਸ਼ ਭਰ ਵਿੱਚ 24ਵੇਂ ਅਤੇ ਆਖਰੀ ਜੈਨ ਤੀਰਥੰਕਰ ਭਗਵਾਨ ਮਹਾਂਵੀਰ ਦੀ ਜਨਮ ਵਰ੍ਹੇਗੰਢ, ਮਹਾਵੀਰ ਜਯੰਤੀ ਮਨਾਈ ਜਾ ਰਹੀ ਏ। ਇਹ ਜੈਨ ਭਾਈਚਾਰੇ ਲਈ ਸਭ ਤੋਂ ਪਵਿੱਤਰ ਦਿਨਾਂ ਵਿੱਚੋਂ ਇੱਕ ਏ। ਭਗਵਾਨ ਮਹਾਂਵੀਰ ਦੇ ਮੰਨਣ ਵਾਲੇ ਇਸ ਤਿਉਹਾਰ ਨੂੰ ਪ੍ਰਾਰਥਨਾਵਾਂ ਕਰਕੇ, ਪ੍ਰਸ਼ਾਦ ਚੜ੍ਹਾ ਕੇ ਅਤੇ ਰੱਥ ਯਾਤਰਾਵਾਂ ਵਿੱਚ ਹਿੱਸਾ ਲੈ ਕੇ ਮਨਾਉਂਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ,ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਵੀਰ ਜਯੰਤੀ ਦੇ ਮੌਕੇ 'ਤੇ ਨਾਗਰਿਕਾਂ, ਖਾਸ ਕਰਕੇ ਜੈਨ ਭਾਈਚਾਰੇ ਨੂੰ

ਵਧਾਈ ਦਿੱਤੀ ਏ। ਇੱਕ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਅਹਿੰਸਾ ਅਤੇ ਦਇਆ ਦੇ ਰੂਪ ਭਗਵਾਨ ਮਹਾਵੀਰ ਨੇ ਅਹਿੰਸਾ ਪਰਮੋ ਧਰਮ ਦੇ ਸੰਦੇਸ਼ ਰਾਹੀਂ ਮਨੁੱਖਤਾ ਨੂੰ ਇੱਕ ਨਵਾਂ ਰਾਹ ਦਿਖਾਇਆ ਕਿ ਅਹਿੰਸਾ ਹੀ ਸਰਵਉੱਚ ਧਰਮ ਏ। ਇਸ ਦੌਰਾਨ, ਉਪ-ਰਾਸ਼ਟਰਪਤੀ ਨੇ ਇੱਕ ਸੰਦੇਸ਼ ਵਿੱਚ ਕਿਹਾ ਕਿ ਭਗਵਾਨ ਮਹਾਵੀਰ ਦੀਆਂ ਸਦੀਵੀ ਸਿੱਖਿਆਵਾਂ ਇੱਕ ਦਇਆ ਭਰੇ ਅਤੇ ਸਦਭਾਵਨਾਪੂਰਨ ਸੰਸਾਰ ਵੱਲ ਸਾਡੇ ਮਾਰਗ ਨੂੰ ਰੌਸ਼ਨ ਕਰਦੀਆਂ ਰਹਿੰਦੀਆਂ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਵੀਰ ਜਯੰਤੀ ਦੇ ਮੌਕੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਭਗਵਾਨ ਮਹਾਵੀਰ ਦੇ ਆਦਰਸ਼, ਦੁਨੀਆ ਭਰ ਦੇ ਅਣਗਿਣਤ ਲੋਕਾਂ ਨੂੰ ਤਾਕਤ ਦਿੰਦੇ ਨੇ। ਉਨ੍ਹਾਂ ਕਿਹਾ ਕਿ ਸਰਕਾਰ, ਭਗਵਾਨ ਮਹਾਂਵੀਰ ਦੇ ਸੁਪਨੇ ਨੂੰ ਪੂਰਾ ਕਰਨ ਲਈ ਵਚਨਬੱਧ ਏ।

-----------------------------------------------------

ਵਿਸਾਖੀ ਵਾਲੇ ਦਿਨ ਖ਼ਾਲਸਾ ਸਾਜਣਾ ਦਿਵਸ ਮੌਕੇ ਪਾਕਿਸਤਾਨ ਸਥਿਤ ਗੁਰੂਧਾਮਾਂ ਦੇ ਦਰਸ਼ਨ ਦੀਦਾਰ ਲਈ ਅਤੇ ਉਥੇ ਹੋਣ ਵਾਲੇ ਸਮਾਗਮਾਂ

ਵਿਚ ਸ਼ਮੂਲੀਅਤ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ **ਇਕ ਹਜ਼ਾਰ 942** ਸਿੱਖ ਸ਼ਰਧਾਲੂਆਂ ਦਾ ਜਥਾ ਖ਼ਾਲਸਾਈ ਜੈਕਾਰਿਆਂ ਦੀ ਗੂੰਜ ’ਚ ਰਵਾਨਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫਤਰ ਤੋਂ ਰਵਾਨਗੀ ਸਮੇਂ ਜਥੇ ਦੀ ਅਗਵਾਈ ਕਰਨ ਵਾਲੇ ਸ਼੍ਰੋਮਣੀ ਕਮੇਟੀ ਮੈਂਬਰ ਜੰਗ ਬਹਾਦਰ ਸਿੰਘ ਅਤੇ ਹੋਰਨਾਂ ਨੇ ਜਥੇ ਦੇ ਮੈਂਬਰਾਂ ਨੂੰ ਸਿਰੋਪਾਓ ਅਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨ ਦਿੱਤਾ। ਇਹ ਜਥਾ ਪਾਕਿਸਤਾਨ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਸਬੰਧੀ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ-ਅਬਦਾਲ, ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਸੱਚਾ ਸੌਦਾ ਸਾਹਿਬ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਅਤੇ ਗੁਰਦੁਆਰਾ ਰੋੜੀ ਸਾਹਿਬ ਏਮਨਾਬਾਦ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰੇਗਾ ਅਤੇ 19 ਅਪ੍ਰੈਲ ਨੂੰ ਇਹ ਭਾਰਤ ਵਾਪਸ ਪਰਤੇਗਾ। ਇਨ੍ਹਾਂ **ਇਕ ਹਜ਼ਾਰ 942** ਸ਼ਰਧਾਲੂਆਂ ਸਮੇਤ 6 ਹਜ਼ਾਰ ਤੋਂ ਵੱਧ ਸ਼ਰਧਾਲੂ ਗੁਰਧਾਮਾਂ ਦੇ ਦਰਸ਼ਨ ਲਈ ਪਾਕਿਸਤਾਨ ਜਾ ਰਹੇ ਨੇ। ਸੂਤਰਾਂ

ਮੁਤਾਬਿਕ **2 ਹਜ਼ਾਰ 500** ਦੇ ਕਰੀਬ ਸ਼ਰਧਾਲੂ ਅਟਾਰੀ-ਵਾਹਗਾ ਸਾਂਝੀ ਚੈਕਪੋਸਟ ਤੋਂ ਅਗੇ ਚਲੇ ਗਏ ਨੇ ਤੇ ਬਾਕੀਆਂ ਦੇ ਵੀ ਸਬੰਧਤ ਦਸਤਾਵੇਜ਼ਾਂ ਦੀ ਜਾਂਚ ਤੋਂ ਬਾਅਦ ਸ਼ਾਮ ਤਕ ਰਵਾਨਾ ਹੋ ਜਾਣ ਦੀ ਉਮੀਦ ਏ।

---------------------------------------------------------

ਤਰਨਤਾਰਨ ਨੇੜੇ ਪੈਂਦੇ ਪਿੰਡ ਕੋਟ ਮੁਹੰਮਦ ਖਾਂ ‘ਚ ਕੱਲ੍ਹ ਦੇਰ ਸ਼ਾਮ ਦੋ ਧੜਿਆਂ ਦਾ ਝਗੜਾ ਸੁਲਝਾਉਣ ਗਏ ਥਾਣਾ ਗੋਇੰਦਵਾਲ ਸਾਹਿਬ ਦੇ ਸਬ-ਇੰਸਪੈਕਟਰ ਦੀ ਜਿੱਥੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ, ਉੱਥੇ ਹੀ ਇੱਕ ਸਿਪਾਹੀ ਦੀ ਬਾਂਹ ਵੀ ਟੁੱਟ ਗਈ। ਇਸ ਸਬੰਧੀ ਤਰਨਤਾਰਨ ਦੇ SSP ਅਭਿਮਨਿਊ ਰਾਣਾ ਨੇ ਦੱਸਿਆ ਕਿ ਮੁੱਖ ਦੋਸ਼ੀ ਸਮੇਤ 20 ਤੋਂ ਵੱਧ ਵਿਅਕਤੀ ਗ੍ਰਿਫਤਾਰ ਕਰ ਲਏ ਗਏ ਨੇ।

**Byte:**

ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਸੂਬੇ ਦੀ ਪੁਲਿਸ ਸ਼ਹੀਦ ਹੋਏ ਸਬ ਇੰਸਪੈਕਟਰ ਦੇ ਪਰਿਵਾਰ ਦੇ ਨਾਲ ਖੜ੍ਹੀ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਸਥਿਤ ਮਿਲਕ ਪਲਾਂਟ ਦਾ ਵਿਸਤਾਰ ਕਰਨ ਲਈ 135 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰਾਜੈਕਟ ਨਾਲ ਲੱਸੀ, ਦਹੀਂ ਅਤੇ ਵੱਖ-ਵੱਖ ਸੁਆਦ ਵਾਲੇ ਦੁੱਧ ਸਮੇਤ ਹੋਰ ਉਤਪਾਦ ਤਿਆਰ ਕਰਨ ਦੀ ਸਮਰੱਥਾ ਵਿੱਚ ਇਜ਼ਾਫਾ ਹੋਵੇਗਾ। ਪ੍ਰਾਜੈਕਟ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵੇਰਕਾ ਵੱਲੋਂ ਹੁਣ ਈ-ਕਾਮਰਸ ਪਲੇਟਫਾਰਮ ਜ਼ਰੀਏ ਵੀ ਆਪਣੇ ਉਤਪਾਦ ਵੇਚਣ ਦੀ ਸ਼ੁਰੂਆਤ ਕੀਤੀ ਗਈ ਏ ਤਾਂ ਕਿ ਦੁਨੀਆ ਭਰ ਵਿੱਚ ਬੈਠੇ ਲੋਕ ਆਨਲਾਈਨ ਖਰੀਦਦਾਰੀ ਰਾਹੀਂ ਮਿਆਰੀ ਉਤਪਾਦਾਂ ਦਾ ਸੁਆਦ ਲੈ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਉੱਘੇ ਖਿਡਾਰੀਆਂ ਨੂੰ ਵੇਰਕਾ ਦੇ ਬ੍ਰਾਂਡ ਅੰਬੈਸਡਰ ਵਜੋਂ ਨਾਲ ਜੋੜੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਨਾ ਸਿਰਫ ਮਿਲਕਫੈੱਡ ਦੀ ਉਤਪਾਦਨ ਸਮਰੱਥਾ ਨੂੰ ਵਧਾਏਗਾ ਸਗੋਂ ਖੇਤਰ ਵਿੱਚ ਡੇਅਰੀ ਉਦਯੋਗ ਦੇ ਵਿਕਾਸ ਵਿੱਚ ਵੀ ਯੋਗਦਾਨ ਪਾਵੇਗਾ। ਇਸ ਦੌਰਾਨ ਮੁੱਖ ਮੰਤਰੀ ਵੱਲੋਂ ਮਿਲਕਫੈੱਡ

ਦਾ ਮਾਸਕਟ ‘ਵੀਰਾ‘ ਵੀ ਜਾਰੀ ਕੀਤਾ ਗਿਆ ਜੋ ਕਿ ਇਕ ਮੁਸਕਰਾਉਂਦੇ ਹੋਏ ਨੌਜਵਾਨ ਮੁੰਡੇ ਦੇ ਰੂਪ ਵਿਚ ਹੱਥ ਜੋੜੀ ਸਭਨਾਂ ਨੂੰ ਜੀ ਆਇਆਂ ਆਖ ਰਿਹਾ ਜਾਪਦਾ ਏ।